# **ਆਕਾਸ਼ਵਾਣੀ ਜਲੰਧਰ**

## **ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20**

**ਮਿਤੀ :28-12-2025**

### ***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਸੰਬੋਧਨ ਕਰਦਿਆਂ ਕਿਹਾ ਏ ਕਿ “2025 ਰਾਸ਼ਟਰੀ ਸੁਰੱਖਿਆ, ਖੇਡਾਂ ਅਤੇ ਵਿਗਿਆਨਕ ਕਾਢਾਂ ਦੇ ਖੇਤਰਾਂ ਵਿੱਚ ਭਾਰਤ ਲਈ ਸ਼ਾਨਦਾਰ ਸਾਲ ਰਿਹਾ.
- ਪੰਜਾਬ ਦੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਦਾ ਕਹਿਣਾ ਏ ਰਾਸ਼ਟਰੀ ਬਾਗਬਾਨੀ ਮਿਸ਼ਨ ਤਹਿਤ, ਕਿਸਾਨ ਬਾਗਬਾਨੀ ਗਤੀਵਿਧੀਆਂ ਲਈ 40 ਫੀਸਦ ਤੱਕ ਸਬਸਿਡੀ ਪ੍ਰਾਪਤ ਕਰ ਸਕਦੇ ਨੇ.
- ਲੁਧਿਆਣਾ, ਅੰਮ੍ਰਿਤਸਰ ਅਤੇ ਚੰਡੀਗੜ੍ਹ ਸਮੇਤ ਉੱਤਰੀ ਰੇਲਵੇ ਦੇ ਦਸ ਸਟੇਸ਼ਨਾਂ ਵਿੱਚ ਅਗਲੇ 5 ਸਾਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਇਆ ਜਾਏਗਾ.

- ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹੱਦ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ.
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਚੌਥਾ twenty-twenty ਮੈਚ, ਅੱਜ ਸ਼ਾਮ 7 ਵਜੇ ਤਿਰੂਵਨੰਤਪੁਰਮ ਵਿੱਚ ਖੇਡਿਆ ਜਾਵੇਗਾ।

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਇਸ ਸਾਲ, ਭਾਰਤ ਨੇ ਰਾਸ਼ਟਰੀ ਸੁਰੱਖਿਆ, ਖੇਡਾਂ ਅਤੇ ਵਿਗਿਆਨ ਤੋਂ ਲੈ ਕੇ ਦੁਨੀਆ ਦੇ ਸਭ ਤੋਂ ਵੱਡੇ ਪਲੇਟਫਾਰਮਾਂ ਤੱਕ, ਹਰ ਖੇਤਰ ਵਿਚ ਇੱਕ ਮਜ਼ਬੂਤ ਛਾਪ ਛੱਡੀ ਏ । ਆਕਾਸ਼ਵਾਣੀ 'ਤੇ ਆਪਣੇ ਮਨ ਕੀ ਬਾਤ ਪ੍ਰੋਗਰਾਮ ਵਿੱਚ, ਪ੍ਰਧਾਨ ਮੰਤਰੀ ਨੇ ਕਿਹਾ ਕਿ 2025 ਨੇ ਕਈ ਅਜਿਹੇ ਪਲ ਪ੍ਰਦਾਨ ਕੀਤੇ ਜਿਨ੍ਹਾਂ ਨੇ ਹਰ ਭਾਰਤੀ ਨੂੰ ਮਾਣ ਮਹਿਸੂਸ ਕਰਵਾਇਆ। ਸ਼੍ਰੀ ਮੋਦੀ ਨੇ ਕਿਹਾ ਕਿ 'ਆਪ੍ਰੇਸ਼ਨ ਸਿੰਦੂਰ' ਇਸ ਸਾਲ ਹਰ ਭਾਰਤੀ ਲਈ ਮਾਣ ਦਾ ਪ੍ਰਤੀਕ ਬਣ

ਗਿਆ। ਸ਼੍ਰੀ ਮੋਦੀ ਨੇ ਵੰਦੇ ਮਾਤਰਮ ਦੀ 150ਵੀਂ ਵਰ੍ਹੇਗੰਢ 'ਤੇ ਲੋਕਾਂ ਦੇ ਉਤਸ਼ਾਹ ਅਤੇ ਜਨੂੰਨ ਦੀ ਸ਼ਲਾਘਾ ਕੀਤੀ- byte – ਪ੍ਰਧਾਨ ਮੰਤਰੀ ਨੇ ਕਿਹਾ ਕਿ ਇਸ ਸਾਲ, ਭਾਰਤ ਨੇ ਵਿਗਿਆਨ ਸਮੇਤ ਕਈ ਖੇਤਰਾਂ ਵਿੱਚ ਬਹੁਤ ਸਾਰੀਆਂ ਪ੍ਰਾਪਤੀਆਂ ਹਾਸਿਲ ਕੀਤੀਆਂ- byte – PM ਪ੍ਰਧਾਨ ਮੰਤਰੀ ਨੇ ਕਿਹਾ ਕਿ ਦੇਸ਼ ਨਵੀਆਂ ਉਮੀਦਾਂ ਅਤੇ ਨਵੇਂ ਸੰਕਲਪਾਂ ਨਾਲ 2026 ਵਿੱਚ ਦਾਖਿਲ ਹੋਣ ਲਈ ਤਿਆਰ ਏ । ਸ਼੍ਰੀ ਮੋਦੀ ਨੇ ਉਮੀਦ ਪ੍ਰਗਟਾਈ ਕਿ 2026 ਇੱਕ ਵਿਕਸਤ ਭਾਰਤ ਦੇ ਟੀਚੇ ਨੂੰ ਪ੍ਰਾਪਤ ਕਰਨ ਲਈ ਇੱਕ ਅਹਿਮ ਮੀਲ ਪੱਥਰ ਸਾਬਤ ਹੋਵੇਗਾ। ਉਨ੍ਹਾਂ ਸਾਰਿਆਂ ਨੂੰ 2026 ਦੀਆਂ ਸ਼ੁਭਕਾਮਨਾਵਾਂ ਦਿੱਤੀਆਂ। ਪ੍ਰਧਾਨ ਮੰਤਰੀ ਨੇ ਦੱਸਿਆ ਕਿ ਦੂਜਾ "ਵਿਕਸਿਤ ਭਾਰਤ 'ਯੰਗ ਲੀਡਰਜ਼ ਡਾਇਲਾਗ" ਛੇਤੀ ਹੀ ਕਰਾਇਆ ਜਾਏਗਾ- ਅੰਤ ਵਿੱਚ, ਪ੍ਰਧਾਨ ਮੰਤਰੀ ਨੇ ਸਾਰਿਆਂ ਨੂੰ ਸਿਹਤਮੰਦ ਰਹਿਣ ਅਤੇ ਫਿੱਟ ਇੰਡੀਆ ਮੁਹਿੰਮ ਵਿੱਚ ਹਿੱਸਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਰਦੀਆਂ ਕਸਰਤ ਲਈ ਢੁਕਵੀਂਆਂ ਨੇ.

------------------------------------------------------------------------

ਪੰਜਾਬ ਦੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਨੇ ਅੱਜ ਕਿਹਾ ਏ ਕਿ ਪੰਜਾਬ ਸਰਕਾਰ ਆਕਰਸ਼ਕ ਸਬਸਿਡੀ ਸਕੀਮਾਂ ਰਾਹੀਂ ਕਿਸਾਨਾਂ ਨੂੰ ਬਾਗਬਾਨੀ ਦਾ ਕਿੱਤਾ ਅਪਣਾਉਣ ਲਈ ਉਤਸ਼ਾਹਿਤ ਕਰਕੇ ਫਸਲੀ ਭਿੰਨਤਾ ਨੂੰ ਸਰਗਰਮੀ ਨਾਲ ਹੁਲਾਰਾ ਦੇ ਰਹੀ ਏ। ਮੰਤਰੀ ਨੇ ਦੱਸਿਆ ਕਿ ਰਾਸ਼ਟਰੀ ਬਾਗਬਾਨੀ ਮਿਸ਼ਨ (NHM) ਤਹਿਤ, ਕਿਸਾਨ ਨਵੇਂ ਬਾਗ ਲਾਉਣ ਦੇ ਨਾਲ-ਨਾਲ ਹੋਰ ਬਾਗਬਾਨੀ ਗਤੀਵਿਧੀਆਂ ਲਈ 40 ਫੀਸਦ ਤੱਕ ਸਬਸਿਡੀ ਪ੍ਰਾਪਤ ਕਰ ਸਕਦੇ ਨੇ. ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਉਦੇਸ਼ ਰਵਾਇਤੀ ਕਣਕ-ਝੋਨੇ ਦੇ ਚੱਕਰ 'ਤੇ ਨਿਰਭਰਤਾ ਘਟਾਉਣਾ, ਜ਼ਮੀਨ ਹੇਠਲੇ ਪਾਣੀ ਦੀ ਸੰਭਾਲ ਕਰਨਾ ਅਤੇ ਉੱਚ-ਮੁੱਲ ਵਾਲੀਆਂ ਫਸਲਾਂ ਰਾਹੀਂ ਕਿਸਾਨਾਂ ਦੀ ਆਮਦਨ ਵਧਾਉਣਾ ਏ। ਬਾਗਬਾਨੀ ਮੰਤਰੀ ਨੇ ਕਿਹਾ ਕਿ ਚਾਹਵਾਨ ਕਿਸਾਨ ਆਪਣੇ ਸਬੰਧਤ ਜ਼ਿਲ੍ਹਾ ਬਾਗਬਾਨੀ ਦਫਤਰਾਂ ਰਾਹੀਂ ਸਬਸਿਡੀ ਲਈ ਅਰਜ਼ੀ ਦੇ ਸਕਦੇ ਨੇ. ਉਨ੍ਹਾਂ ਕਿਸਾਨਾਂ ਨੂੰ ਬਾਗਬਾਨੀ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਅਤੇ ਬਿਹਤਰ ਆਮਦਨ ਲਈ ਫਲਾਂ ਅਤੇ ਸਬਜ਼ੀਆਂ ਦੀ ਕਾਸ਼ਤ ਵੱਲ ਜਾਣ ਦੀ ਅਪੀਲ ਕੀਤੀ।

---

ਰੇਲ ਰਾਹੀਂ ਸਫ਼ਰ ਦੀ ਮੰਗ ਵਿੱਚ ਲਗਾਤਾਰ ਹੋ ਰਹੇ ਤੇਜ਼ ਵਾਧੇ ਦੇ ਮੱਦੇਨਜ਼ਰ, ਅਗਲੇ 5 ਸਾਲਾਂ ਵਿੱਚ ਨਵੀਆਂ ਰੇਲਗੱਡੀਆਂ ਸ਼ੁਰੂ ਕਰਨ

ਲਈ ਪ੍ਰਮੁੱਖ ਸ਼ਹਿਰਾਂ ਵਿੱਚ ਮੌਜੂਦਾ ਬੁਨਿਆਦੀ ਢਾਂਚੇ ਨੂੰ ਵਧਾਇਆ ਜਾਵੇਗਾ। ਲੁਧਿਆਣਾ, ਅੰਮ੍ਰਿਤਸਰ ਅਤੇ ਚੰਡੀਗੜ੍ਹ ਉੱਤਰੀ ਰੇਲਵੇ ਦੇ ਓਹਨਾਂ ਦਸ ਸਟੇਸ਼ਨਾਂ ਵਿੱਚ ਸ਼ਾਮਿਲ ਨੇ ਜਿੱਥੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਇਆ ਜਾਏਗਾ. ਜੰਮੂ ਅਤੇ ਦਿੱਲੀ, ਉੱਤਰੀ ਖੇਤਰ ਦੇ ਇਸ ਹਿੱਸੇ ਵਿੱਚ ਦੋ ਹੋਰ ਸਟੇਸ਼ਨ ਨੇ. ਪੰਜ ਹੋਰ ਸਟੇਸ਼ਨ ਬਿਹਾਰ ਅਤੇ ਉਤਰਾਖੰਡ ਵਿੱਚ ਨੇ. ਸਾਲ 2030 ਤੱਕ ਮੂਲ ਸਮਰੱਥਾ ਨੂੰ ਦੁੱਗਣਾ ਕਰਨ ਦੇ ਕੰਮਾਂ ਵਿੱਚ ਵਾਧੂ ਪਲੇਟਫਾਰਮ, ਸ਼ਹਿਰੀ ਇਲਾਕਿਆਂ ਵਿੱਚ ਅਤੇ ਆਲੇ ਦੁਆਲੇ ਨਵੇਂ ਟਰਮੀਨਲ, ਮਲਟੀਟ੍ਰੈਕਿੰਗ ਅਤੇ ਕੁਝ ਹੋਰ ਵਿਕਾਸ ਕਾਰਜ ਸ਼ਾਮਲ ਹੋਣਗੇ। ਰੇਲਵੇ ਅਤੇ ਸੂਚਨਾ ਤੇ ਪ੍ਰਸਾਰਣ ਬਾਰੇ ਕੇਂਦਰੀ ਮੰਤਰੀ, ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਰੇਲਵੇ ਮੁਸਾਫ਼ਿਰਾਂ ਦੀ ਵਧਦੀ ਮੰਗ ਨੂੰ ਪੂਰਾ ਕਰਨ ਅਤੇ ਭੀੜ ਨੂੰ ਘਟਾਉਣ ਲਈ ਵੱਖ-ਵੱਖ ਸ਼ਹਿਰਾਂ ਵਿੱਚ ਕੋਚਿੰਗ ਟਰਮੀਨਲਾਂ ਦਾ ਪਸਾਰ ਕਰ ਰਿਹਾ ਏ ਤੇ ਸੈਕਸ਼ਨਲ ਅਤੇ ਸੰਚਾਲਨ ਸਮਰੱਥਾਵਾਂ ਨੂੰ ਵਧਾ ਰਿਹਾ ਏ।

----------------------------------------------------------------------

ਰੋਜ਼ਗਾਰ ਅਤੇ ਅਜੀਵਿਕਾ ਮਿਸ਼ਨ ਗਾਰੰਟੀ (ਗ੍ਰਾਮੀਣ) (Viksit Bharat - G RAM G) ਬਿੱਲ, 2025 ਨੂੰ ਲੋਕ ਸਭਾ ਅਤੇ ਰਾਜ ਸਭਾ ਵੱਲੋਂ ਪਾਸ ਹੋਣ ਤੋਂ ਬਾਅਦ ਰਾਸ਼ਟਰਪਤੀ ਦੀ ਮੋਹਰ ਮਿਲਣਾ ਕੇਵਲ

ਸੰਵੈਧਾਨਕ ਕਾਰਵਾਈ ਨਹੀਂ, ਸਗੋਂ ਦਿਹਾਤੀ ਭਾਰਤ ਲਈ ਇੱਕ ਨਵਾਂ ਆਰਥਿਕ ਸੰਕੇਤ ਏ । ਜਿਲਾ ਸ਼੍ਰੀ ਮੁਕਤਸਰ ਸਾਹਿਬ ਦੇ ਮਾਨਵ ਕਲਿਆਣ ਸਭਾ ਦੇ ਬੁਲਾਰੇ ਰਮਨ ਕੁਮਾਰ ਨੇ ਇਸ ਕਾਨੂੰਨ ਬਾਰੇ ਕਿਹਾ ਕਿ ਇਹ ਨਵਾਂ ਬਿੱਲ ਦਿਹਾਤੀ ਪਰਿਵਾਰਾਂ ਲਈ ਵੱਡਾ ਸਹਾਰਾ ਸਾਬਤ ਹੋਵੇਗਾ-byte – RAMAN KUMAR -

ਇਸ ਕਾਨੂੰਨੀ ਬੰਦੋਬਸਤ ਹੇਠ ਉਜਰਤਾਂ ਦੀ ਅਦਾਇਗੀ ਨਿਰਧਾਰਿਤ ਸਮੇਂ ਅੰਦਰ ਯਕੀਨੀ ਬਣਾਈ ਗਈ ਏ, ਤਾਂ ਜੋ ਭੁਗਤਾਨ ਵਿੱਚ ਦੇਰੀ ਜਿਹੀ ਪੁਰਾਣੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕੀਤਾ ਜਾ ਸਕੇ। ਪਿੰਡ ਮਹਾਬਦਰ ਦੇ ਨੌਜਵਾਨ ਆਗੂ ਗੁਰਪ੍ਰੀਤ ਸਿੰਘ ਨੇ ਕਿਹਾ ਕਿ ਮਨਰੇਗਾ ਨਾਲੋਂ ਵੱਧ ਦਿਹਾੜੀ, ਸਮੇਂ-ਬੱਧ ਭੁਗਤਾਨ ਅਤੇ ਕੰਮ ਦੀ ਸਪਸ਼ਟ ਯੋਜਨਾ ਦਿਹਾਤੀ ਰੁਜ਼ਗਾਰ ਨੂੰ ਉਪਜੀਵਿਕਾ ਦਾ ਸਥਾਈ ਸਾਧਨ ਬਣਾਉਣ ਵੱਲ ਲੈ ਜਾਂਦੀ ਏ – byte – GURPREET

ਕੇਂਦਰ ਸਰਕਾਰ ਵੱਲੋਂ ਕੀਤੀ ਗਈ ਇਸ ਨਵੀਂ ਪਹਿਲ ਨਾਲ ਦਿਹਾਤੀ ਖੇਤਰ ਵਿੱਚ ਰੁਜ਼ਗਾਰ ਨੂੰ ਹੁਲਾਰਾ ਮਿਲੇਗਾ ਤੇ ਨਾਲ ਹੀ ਪਿੰਡਾਂ ਦੇ ਵਾਸੀਆਂ ਦੀ ਆਰਥਿਕ ਦਿਸ਼ਾ ਅਤੇ ਜੀਵਨ-ਪਧਰ ਵਿੱਚ ਠੋਸ ਸੁਧਾਰ ਆਵੇਗਾ ।

-------------------------------------------------------------------------

ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ

ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫਤਿਹ ਸਿੰਘ ਜੀ ਅਤੇ ਮਾਤਾ ਗੁਜਰ ਕੌਰ ਜੀ ਦੀ ਅਦੁੱਤੀ ਤੇ ਲਾਸਾਨੀ ਸ਼ਹਾਦਤ ਅਤੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਸਮੁੱਚੀਆਂ ਨਿਹੰਗ ਸਿੰਘ ਜਥੇਬੰਦੀਆਂ ਵੱਲੋਂ ਅੱਜ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਵਿਸ਼ਾਲ ਮੁਹੱਲਾ ਸਜਾਇਆ ਗਿਆ। ਇਸ ਤੋਂ ਪਹਿਲਾਂ ਕੱਲ੍ਹ, ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਪਰਿਵਾਰ ਸਮੇਤ  ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਮੱਥਾ ਟੇਕਿਆ। ਉਨ੍ਹਾਂ ਨੇ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ ਜੀ, ਬਾਬਾ ਫ਼ਤਹਿ ਸਿੰਘ ਜੀ ਅਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਨੂੰ ਨਮਨ ਕੀਤਾ ਅਤੇ ਸੂਬੇ ਦੀ ਚੜ੍ਹਦੀਕਲਾ ਲਈ ਅਰਦਾਸ ਕੀਤੀ। ਉਹਨਾਂ ਨੇ ਦੀਵਾਨ ਟੋਡਰ ਮੱਲ ਵਿਰਾਸਤੀ ਫਾਊਂਡੇਸ਼ਨ ਵੱਲੋਂ ਮੁੜ ਸੁਰਜੀਤ ਕੀਤੀ ਜਾ ਰਹੀ, ਦੀਵਾਨ ਟੋਡਰ ਮੱਲ ਦੀ ਜਹਾਜ਼ੀ ਹਵੇਲੀ ਦਾ ਵੀ ਦੌਰਾ ਕੀਤਾ।

---------------------------------------------------------------------

ਪੰਜਾਬ ਸਰਕਾਰ ਵੱਲੋਂ ਰਾਜ ਭਰ ਵਿੱਚ ਕਾਇਮ ਕੀਤੇ ਗਏ ਵਨ ਸਟਾਪ ਸੈਂਟਰਾਂ ਰਾਹੀਂ, ਮੌਜੂਦਾ ਮਾਲੀ ਸਾਲ ਦੌਰਾਨ, ਨਵੰਬਰ ਮਹੀਨੇ ਤੱਕ, ਹਿੰਸਾ ਪੀੜਤ 5 ਹਜ਼ਾਰ 121 ਔਰਤਾਂ ਨੂੰ ਮੁਫ਼ਤ ਮੈਡੀਕਲ ਅਤੇ ਕਾਨੂੰਨੀ ਸਹਾਇਤਾ ਮੁਹੱਈਆ ਕਰਵਾਈ ਗਈ ਏ। ਇਹ ਜਾਣਕਾਰੀ ਸਮਾਜਿਕ

ਸੁਰੱਖਿਆ, ਮਹਿਲਾ ਅਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਦਿੱਤੀ। ਇਸ ਉਦੇਸ਼ ਤਹਿਤ, ਵਨ ਸਟਾਪ ਸੈਂਟਰਾਂ ਰਾਹੀਂ, ਹਿੰਸਾ ਪੀੜਤ ਔਰਤਾਂ ਨੂੰ ਇੱਕ ਹੀ ਥਾਂ ’ਤੇ ਮੁਫ਼ਤ ਮੈਡੀਕਲ ਇਲਾਜ, ਕਾਨੂੰਨੀ ਸਹਾਇਤਾ, ਪੁਲਿਸ ਸਹਿਯੋਗ ਅਤੇ ਕੌਂਸਲਿੰਗ ਵਰਗੀਆਂ ਅਹਿਮ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਰਹੀਆਂ ਨੇ।

---------------------------------------------------------------------

Dr B R Ambedkar National Institute of Technology (NIT) ਜਲੰਧਰ ਵਿੱਚ ਕਲ੍ਹ 10ਵਾਂ ਅੰਤਰਰਾਸ਼ਟਰੀ ਸੰਮੇਲਨ SoCTA 2025 ਸ਼ਾਨਦਾਰ ਢੰਗ ਨਾਲ ਸ਼ੁਰੂ ਹੋਇਆ। ਇਸ ਸੰਮੇਲਨ ਵਿੱਚ ਭਾਰਤ ਅਤੇ ਵਿਦੇਸ਼ਾਂ ਤੋਂ ਆਏ ਪ੍ਰਸਿੱਧ ਵਿਦਵਾਨਾਂ, ਰੱਖਿਆ ਅਧਿਕਾਰੀਆਂ, ਖੋਜਕਾਰਾਂ ਅਤੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਸੰਮੇਲਨ ਦੌਰਾਨ ਉਭਰਦੀਆਂ ਤਕਨੀਕਾਂ, ਰਾਸ਼ਟਰੀ ਸੁਰੱਖਿਆ, ਕਾਢਾਂ ਅਤੇ ਨਿਰੰਤਰ ਵਿਕਾਸ ਨਾਲ ਸੰਬੰਧਿਤ ਵਿਸ਼ਿਆਂ ‘ਤੇ ਡੂੰਘਾਂ ਵਿਚਾਰ-ਵਟਾਂਦਰਾ ਕੀਤਾ ਗਿਆ । -------

--------------------------------------------------------------

ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹੱਦ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ। ਹਿਮਾਚਲ ਪ੍ਰਦੇਸ਼ ਵਿੱਚ ਵੀ ਅਜਿਹੇ ਹਾਲਾਤ ਰਹਿਣ ਦੀ ਸੰਭਾਵਨਾ ਏ

---------------------------------------------------------------------

ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਚੌਥਾ twenty-twenty ਮੈਚ, ਅੱਜ ਸ਼ਾਮ 7 ਵਜੇ ਤਿਰੂਵਨੰਤਪੁਰਮ ਵਿੱਚ ਖੇਡਿਆ ਜਾਵੇਗਾ। ਭਾਰਤ ਪੰਜ ਮੈਚਾਂ ਦੀ ਲੜੀ ਵਿੱਚ, 3-0 ਨਾਲ ਅੱਗੇ ਏ।

---------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ "ਮਨ ਕੀ ਬਾਤ" ਪ੍ਰੋਗਰਾਮ ਵਿੱਚ ਸੰਬੋਧਨ ਕਰਦਿਆਂ ਕਿਹਾ ਏ ਕਿ “2025 ਰਾਸ਼ਟਰੀ ਸੁਰੱਖਿਆ, ਖੇਡਾਂ ਅਤੇ ਵਿਗਿਆਨਕ ਕਾਢਾਂ ਦੇ ਖੇਤਰਾਂ ਵਿੱਚ ਭਾਰਤ ਲਈ ਸ਼ਾਨਦਾਰ ਸਾਲ ਰਿਹਾ.
- ਪੰਜਾਬ ਦੇ ਬਾਗਬਾਨੀ ਮੰਤਰੀ ਸ੍ਰੀ ਮੋਹਿੰਦਰ ਭਗਤ ਦਾ ਕਹਿਣਾ ਏ ਰਾਸ਼ਟਰੀ ਬਾਗਬਾਨੀ ਮਿਸ਼ਨ ਤਹਿਤ, ਕਿਸਾਨ ਬਾਗਬਾਨੀ ਗਤੀਵਿਧੀਆਂ ਲਈ 40 ਫੀਸਦ ਤੱਕ ਸਬਸਿਡੀ ਪ੍ਰਾਪਤ ਕਰ ਸਕਦੇ ਨੇ.

- ਲੁਧਿਆਣਾ, ਅੰਮ੍ਰਿਤਸਰ ਅਤੇ ਚੰਡੀਗੜ੍ਹ ਸਮੇਤ ਉੱਤਰੀ ਰੇਲਵੇ ਦੇ ਦਸ ਸਟੇਸ਼ਨਾਂ ਵਿੱਚ ਅਗਲੇ 5 ਸਾਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਇਆ ਜਾਏਗਾ.
- ਮੌਸਮ ਵਿਭਾਗ ਨੇ ਅਗਲੇ ਦੋ ਦਿਨਾਂ ਤੱਕ ਪੰਜਾਬ, ਹਰਿਆਣਾ ਅਤੇ ਚੰਡੀਗੜ੍ਹ ਵਿੱਚ ਸੰਘਣੀ ਤੋਂ ਬੇਹੱਦ ਸੰਘਣੀ ਧੁੰਦ ਦੀ ਸੰਭਾਵਨਾ ਜਤਾਈ.
- ਔਰਤਾਂ ਦੇ ਕ੍ਰਿਕੇਟ ਵਿੱਚ, ਭਾਰਤ ਅਤੇ ਸ਼੍ਰੀਲੰਕਾ ਵਿਚਕਾਰ ਚੌਥਾ twenty-twenty ਮੈਚ, ਅੱਜ ਸ਼ਾਮ 7 ਵਜੇ ਤਿਰੂਵਨੰਤਪੁਰਮ ਵਿੱਚ ਖੇਡਿਆ ਜਾਵੇਗਾ।

**ਆਕਾਸ਼ਵਾਣੀ ਤੋਂ ਖਬਰਾਂ ਖਤਮ ਹੋਈਆਂ**

**ਸਾਡਾ ਅਗਲਾ ਰਾਸ਼ਟਰੀ ਬੁਲੇਟਿਨ ਤੁਸੀਂ ਸੁਣੋਗੇ**

**ਸ਼ਾਮ ਸਾਢੇ 7 ਵਜੇ. ਨਮਸ੍ਕਾਰ**